ਕਥਾ, ਕੀਰਤਨ ਜੀ ਕੀ ਅਰਦਾਸ, ਭੁਲ ਚੁਕ ਮੁਆਫ਼, ਆਪ ਦੇ ਚਰਨ ਕਮਲਾਂ ਪਾਸ ॥ ਸਿਖ ਪੜ੍ਹਦੇ ਸੁਣਦੇ ਸਰਬਤ ਲਾਹੇਵੰਦ ॥

ਸ੍ਰੀ ਗੁਰੂ ਨਾਨਕ ਨਾਮ ਚੜ੍ਹਦੀ ਕਲਾ ॥
ਤੇਰੇ ਭਾਣੇ ਸਰਬੱਤ ਦਾ ਭਲਾ ॥

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫਤਹ ॥



# ਕੀਰਤਨ ਸੋਹਿਲਾ

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥ ੧ ॥

(੪੫੧)

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥

ਹਰਣਾਖਸੁ ਦੁਸਟੁ ਹਰਿ ਮਾਰਿਆ
ਪ੍ਰਹਲਾਦੁ ਤਰਾਇਆ ॥
ਅਹੰਕਾਰੀਆ ਨਿੰਦਕਾ ਪਿਠਿ ਦੇਇ
ਨਾਮਦੇਉ ਮੁਖਿ ਲਾਇਆ ॥
ਜਨ ਨਾਨਕ ਐਸਾ ਹਰਿ ਸੇਵਿਆ
ਅੰਤਿ ਲਏ ਛਡਾਇਆ ॥੪॥੬॥

ਸਲੋਕ ਮ: ੧ ॥ (੧੨੯੧)

ਧੰਨੁ ਸੁ ਕਾਗਦੁ ਕਲਮ ਧੰਨੁ
ਧਨੁ ਭਾਂਡਾ ਧਨੁ ਮਸੁ ॥
ਧਨੁ ਲੇਖਾਰੀ ਨਾਨਕਾ
ਜਿਨਿ ਨਾਮੁ ਲਿਖਾਇਆ
ਸਚੁ ॥ ੧ ॥



ਮ: ੧ ॥

ਆਪੇ ਪਟੀ ਕਲਮ ਆਪਿ
ਉਪਰਿ ਲੇਖਿ ਭਿ ਤੂੰ ॥
ਏਕੋ ਕਹੀਐ ਨਾਨਕਾ
ਦੂਜਾ ਕਾਹੇ ਕੂ ॥ ੨ ॥

ਸਲੋਕੁ ॥ (ਨਾ: ਪ੍ਰ: ਉ: ੩੨, ਜਿ: ੪, ਪੰ: ੧੦੪੦)

ਦੂਜਾ ਕਾਹੇ ਸਿਮਰੀਐ
ਜੰਮੈ ਤੇ ਮਰ ਜਾਇ ॥
ਏਕੋ ਸਿਮਰੋ ਨਾਨਕਾ
ਜਲ ਥਲ ਰਹਿਆ ਸਮਾਇ ॥੨॥

ਸੋਰਠਿ ਮਹਲਾ ੫ ॥ (੬੧੮)

ਜਨਮ ਜਨਮ ਕੇ ਦੂਖ ਨਿਵਾਰੈ

ਸੂਕਾ ਮਨੁ ਸਾਧਾਰੈ ॥
ਦਰਸਨੁ ਭੇਟਤ ਹੋਤ ਨਿਹਾਲਾ
ਹਰਿ ਕਾ ਨਾਮੁ ਬੀਚਾਰੈ ॥੧॥
ਮੇਰਾ ਬੈਦੂ ਗੁਰੂ ਗੋਵਿੰਦਾ ॥
ਹਰਿ ਹਰਿ ਨਾਮੁ ਅਉਖਧੁ
ਮੁਖਿ ਦੇਵੈ ਕਾਟੈ ਜਮ
ਕੀ ਫੰਧਾ ॥੧॥ ਰਹਾਉ ॥
ਸਮਰਥ ਪੁਰਖ ਪੂਰਨ ਬਿਧਾਤੇ
ਆਪੇ ਕਰਣੈਹਾਰਾ ॥
ਅਪੁਨਾ ਦਾਸੁ ਹਰਿ ਆਪਿ
ਉਬਾਰਿਆ ਨਾਨਕ ਨਾਮ
ਅਧਾਰਾ ॥੨॥੬॥੩੪॥



ਸੋਰਠਿ ਮਹਲਾ ੫ ॥(੬੨੬)

ਗੁਰ ਕਾ ਸਬਦੁ ਰਖਵਾਰੇ ॥
ਚਉਕੀ ਚਉਗਿਰਦ ਹਮਾਰੇ ॥
ਰਾਮ ਨਾਮਿ ਮਨੁ ਲਾਗਾ ॥
ਜਮੁ ਲਜਾਇ ਕਰਿ ਭਾਗਾ ॥੧॥
ਪ੍ਰਭ ਜੀ ਤੂ ਮੇਰੋ ਸੁਖਦਾਤਾ ॥
ਬੰਧਨ ਕਾਟਿ ਕਰੇ ਮਨੁ ਨਿਰਮਲੁ
ਪੂਰਨ ਪੁਰਖੁ ਬਿਧਾਤਾ ॥ ਰਹਾਉ ॥
ਨਾਨਕ ਪ੍ਰਭੁ ਅਬਿਨਾਸੀ ॥
ਤਾ ਕੀ ਸੇਵ ਨ ਬਿਰਥੀ ਜਾਸੀ ॥
ਅਨਦ ਕਰਹਿ ਤੇਰੇ ਦਾਸਾ ॥
ਜਪਿ ਪੂਰਨ ਹੋਈ

ਆਸਾ ॥ ੨ ॥ ੪ ॥ ੬੮ ॥

ਖਿਲਾਵਲੁ ਮਹਲਾ ੫ ॥(੮੧੯)

ਤਾਤੀ ਵਾਉ ਨ ਲਗਈ
ਪਾਰਬ੍ਰਹਮ ਸਰਣਾਈ ॥
ਚਉਗਿਰਦ ਹਮਾਰੈ ਰਾਮ ਕਾਰ
ਦੁਖੁ ਲਗੈ ਨ ਭਾਈ ॥ ੧ ॥
ਸਤਿਗੁਰੁ ਪੂਰਾ ਭੇਟਿਆ
ਜਿਨਿ ਬਣਤ ਬਣਾਈ ॥
ਰਾਮ ਨਾਮੁ ਅਉਖਧੁ ਦੀਆ
ਏਕਾ ਲਿਵ ਲਾਈ ॥੧ ॥ਰਹਾਉ ॥
ਰਾਖਿ ਲੀਏ ਤਿਨਿ ਰਖਨਹਾਰਿ
ਸਭ ਬਿਆਧਿ ਮਿਟਾਈ ॥



ਕਹੁ ਨਾਨਕ ਕਿਰਪਾ ਭਈ ਪ੍ਰਭ
ਭਏ ਸਹਾਈ ॥੨ ॥੧੫ ॥੭੯॥

ਸਲੋਕੁ ॥(੨੫੬)

ਜਹ ਸਾਧੂ ਗੋਬਿਦ ਭਜਨੁ
ਕੀਰਤਨੁ ਨਾਨਕ ਨੀਤ ॥
ਣਾ ਹਉ ਣਾ ਤੂੰ ਣਹ ਛੁਟਹਿ
ਨਿਕਟਿ ਨ ਜਾਈਅਹੁ ਦੂਤ ॥੧ ॥

ਸਲੋਕ ਮ: ੫ ॥(੫੧੯)

ਮਨ ਮਹਿ ਚਿਤਵਉ ਚਿਤਵਨੀ
ਉਦਮੁ ਕਰਉ ਉਠਿ ਨੀਤ ॥
ਹਰਿ ਕੀਰਤਨ ਕਾ ਆਹਰੋ ਹਰਿ
ਦੇਹੁ ਨਾਨਕ ਕੇ ਮੀਤ ॥ ੧ ॥

ਪਉੜੀ ॥ (੬੫੨)

ਰੈਣਿ ਦਿਨਸੁ ਪਰਭਾਤਿ
ਤੂਹੈ ਹੀ ਗਾਵਣਾ ॥
ਜੀਅ ਜੰਤ ਸਰਬਤ ਨਾਉ
ਤੇਰਾ ਧਿਆਵਣਾ ॥
ਤੂ ਦਾਤਾ ਦਾਤਾਰੁ
ਤੇਰਾ ਦਿਤਾ ਖਾਵਣਾ ॥
ਭਗਤ ਜਨਾ ਕੈ ਸੰਗਿ
ਪਾਪ ਗਵਾਵਣਾ ॥
ਜਨ ਨਾਨਕ ਸਦ ਬਲਿਹਾਰੈ
ਬਲਿ ਬਲਿ ਜਾਵਣਾ ॥ ੨੫ ॥



ਸੋਹਿਲਾ ਰਾਗੁ ਗਉੜੀ ਦੀਪਕੀ

ਮਹਲਾ ੧ (੧੨)

ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ
ਕਰਤੇ ਕਾ ਹੋਇ ਬੀਚਾਰੋ ॥
ਤਿਤੁ ਘਰਿ ਗਾਵਹੁ ਸੋਹਿਲਾ
ਸਿਵਰਿਹੁ ਸਿਰਜਣਹਾਰੋ ॥ ੧ ॥
ਤੁਮ ਗਾਵਹੁ ਮੇਰੇ
ਨਿਰਭਉ ਕਾ ਸੋਹਿਲਾ ॥
ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ
ਹੋਇ ॥ ੧ ॥ ਰਹਾਉ ॥
ਨਿਤ ਨਿਤ ਜੀਅੜੇ ਸਮਾਲੀਅਨਿ

ਦੇਖੈਗਾ ਦੇਵਣਹਾਰੁ ॥
ਤੇਰੇ ਦਾਨੈ ਕੀਮਤਿ ਨਾ ਪਵੈ
ਤਿਸੁ ਦਾਤੇ ਕਵਣੁ ਸੁਮਾਰੁ ॥੨॥
ਸੰਬਤਿ ਸਾਹਾ ਲਿਖਿਆ
ਮਿਲਿ ਕਰਿ ਪਾਵਹੁ ਤੇਲੁ ॥
ਦੇਹੁ ਸਜਣ ਅਸੀਸੜੀਆ
ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥
ਘਰਿ ਘਰਿ ਏਹੋ ਪਾਹੁਚਾ
ਸਦੜੇ ਨਿਤ ਪਵੰਨਿ ॥
ਸਦਣਹਾਰਾ ਸਿਮਰੀਐ ਨਾਨਕ ਸੇ
ਦਿਹ ਆਵੰਨਿ ॥੪॥੧॥



ਰਾਗੁ ਆਸਾ ਮਹਲਾ ੧ ॥
ਛਿਅ ਘਰ ਛਿਅ ਗੁਰ
ਛਿਅ ਉਪਦੇਸ ॥
ਗੁਰੁ ਗੁਰੁ ਏਕੋ ਵੇਸ ਅਨੇਕ ॥੧॥
ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥
ਸੋ ਘਰੁ ਰਾਖੁ ਵਡਾਈ
ਤੋਇ ॥੧॥ ਰਹਾਉ ॥
ਵਿਸੁਏ ਚਸਿਆ ਘੜੀਆ ਪਹਰਾ
ਥਿਤੀ ਵਾਰੀ ਮਾਹੁ ਹੋਆ ॥
ਸੂਰਜੁ ਏਕੋ ਰੁਤਿ ਅਨੇਕ ॥
ਨਾਨਕ ਕਰਤੇ ਕੇ
ਕੇਤੇ ਵੇਸ ॥੨॥੨॥

ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ
ਰਵਿ ਚੰਦੁ ਦੀਪਕ ਬਨੇ
ਤਾਰਿਕਾ ਮੰਡਲ ਜਨਕ ਮੋਤੀ ॥
ਧੂਪੁ ਮਲਆਨਲੋ ਪਵਣੁ ਚਵਰੋ ਕਰੇ
ਸਗਲ ਬਨਰਾਇ ਫੂਲੰਤ ਜੋਤੀ ॥੧॥
ਕੈਸੀ ਆਰਤੀ ਹੋਇ ॥
ਭਵ ਖੰਡਨਾ ਤੇਰੀ ਆਰਤੀ ॥
ਅਨਹਤਾ ਸਬਦ ਵਾਜੰਤ
ਭੇਰੀ ॥ ੧ ॥ ਰਹਾਉ ॥
ਸਹਸ ਤਵ ਨੈਨ ਨਨ ਨੈਨ ਹਹਿ ਤੋਹਿ
ਕਉ ਸਹਸ ਮੂਰਤਿ ਨਨਾ ਏਕ ਤੁੋਹੀ॥



ਸਹਸ ਪਦ ਬਿਮਲ ਨਨ
ਏਕ ਪਦ ਗੰਧ ਬਿਨੁ
ਸਹਸ ਤਵ ਗੰਧ
ਇਵ ਚਲਤ ਮੋਹੀ ॥ ੨ ॥
ਸਭ ਮਹਿ ਜੋਤਿ ਜੋਤਿ ਹੈ ਸੋਇ ॥
ਤਿਸ ਦੈ ਚਾਨਣਿ ਸਭ
ਮਹਿ ਚਾਨਣੁ ਹੋਇ ॥
ਗੁਰ ਸਾਖੀ ਜੋਤਿ ਪਰਗਟੁ ਹੋਇ ॥
ਜੋ ਤਿਸੁ ਭਾਵੈ
ਸੁ ਆਰਤੀ ਹੋਇ ॥ ੩ ॥
ਹਰਿ ਚਰਣ ਕਵਲ ਮਕਰੰਦ
ਲੋਭਿਤ ਮਨੋ ਅਨਦਿਨੋ

ਮੋਹਿ ਆਹੀ ਪਿਆਸਾ ॥
ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ
ਕਉ ਹੋਇ ਜਾ ਤੇ ਤੇਰੈ
ਨਾਇ ਵਾਸਾ ॥ ੪ ॥ ੩ ॥

*ਰਾਗੁ ਗਉੜੀ ਪੂਰਬੀ ਮਹਲਾ ੪ ॥*

ਕਾਮਿ ਕਰੋਧਿ ਨਗਰੁ ਬਹੁ ਭਰਿਆ
ਮਿਲਿ ਸਾਧੂ ਖੰਡਲ ਖੰਡਾ ਹੇ ॥
ਪੂਰਬਿ ਲਿਖਤ ਲਿਖੇ ਗੁਰੁ ਪਾਇਆ
ਮਨਿ ਹਰਿ ਲਿਵ
ਮੰਡਲ ਮੰਡਾ ਹੇ ॥ ੧ ॥
ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥
ਕਰਿ ਡੰਡਉਤ ਪੁਨੁ ਵਡਾ



ਹੇ ॥ ੧ ॥ ਰਹਾਉ ॥
ਸਾਕਤ ਹਰਿ ਰਸ ਸਾਦੁ ਨ ਜਾਣਿਆ
ਤਿਨ ਅੰਤਰਿ ਹਉਮੈ ਕੰਡਾ ਹੇ ॥
ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ
ਜਮਕਾਲੁ ਸਹਹਿ ਸਿਰਿ ਡੰਡਾ ਹੇ ॥ ੨ ॥
ਹਰਿਜਨ ਹਰਿ ਹਰਿ ਨਾਮਿ ਸਮਾਣੇ
ਦੁਖੁ ਜਨਮ ਮਰਣ ਭਵ ਖੰਡਾ ਹੇ ॥
ਅਬਿਨਾਸੀ ਪੁਰਖੁ ਪਾਇਆ ਪਰਮੇਸਰੁ
ਬਹੁ ਸੋਭ ਖੰਡ ਬ੍ਰਹਮੰਡਾ ਹੇ ॥ ੩ ॥
ਹਮ ਗਰੀਬ ਮਸਕੀਨ ਪ੍ਰਭ ਤੇਰੇ
ਹਰਿ ਰਾਖੁ ਰਾਖੁ ਵਡ ਵਡਾ ਹੇ ॥
ਜਨ ਨਾਨਕ ਨਾਮੁ ਅਧਾਰੁ ਟੇਕ ਹੈ

ਹਰਿ ਨਾਮੇ ਹੀ
ਸੁਖੁ ਮੰਡਾ ਹੇ ॥ ੪ ॥ ੪ ॥

ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ
ਸੰਤ ਟਹਲ ਕੀ ਬੇਲਾ ॥
ਈਹਾ ਖਾਟਿ ਚਲਹੁ ਹਰਿ ਲਾਹਾ
ਆਗੈ ਬਸਨੁ ਸੁਹੇਲਾ ॥ ੧ ॥
ਅਉਧ ਘਟੈ ਦਿਨਸੁ ਰੈਣਾਰੇ ॥
ਮਨ ਗੁਰ ਮਿਲਿ ਕਾਜ
ਸਵਾਰੇ ॥ ੧ ॥ ਰਹਾਉ ॥
ਇਹੁ ਸੰਸਾਰੁ ਬਿਕਾਰੁ ਸੰਸੇ ਮਹਿ
ਤਰਿਓ ਬ੍ਰਹਮ ਗਿਆਨੀ ॥



ਜਿਸਹਿ ਜਗਾਇ ਪੀਆਵੈ ਇਹੁ ਰਸੁ
ਅਕਥ ਕਥਾ ਤਿਨਿ ਜਾਨੀ ॥੨ ॥
ਜਾ ਕਉ ਆਏ ਸੋਈ ਬਿਹਾਝਹੁ
ਹਰਿ ਗੁਰ ਤੇ ਮਨਹਿ ਬਸੇਰਾ ॥
ਨਿਜ ਘਰਿ ਮਹਲੁ
ਪਾਵਹੁ ਸੁਖ ਸਹਜੇ
ਬਹੁਰਿ ਨ ਹੋਇਗੋ ਫੇਰਾ ॥ ੩ ॥
ਅੰਤਰਜਾਮੀ ਪੁਰਖ ਬਿਧਾਤੇ
ਸਰਧਾ ਮਨ ਕੀ ਪੂਰੇ ॥
ਨਾਨਕ ਦਾਸੁ ਇਹੈ ਸੁਖੁ ਮਾਗੈ
ਮੋ ਕਉ ਕਰਿ ਸੰਤਨ
ਕੀ ਧੂਰੇ ॥ ੪ ॥ ੫ ॥

ਹਰਿ ਨਾਮੇ ਹੀ
ਸੁਖੁ ਮੰਡਾ ਹੇ ॥ ੪ ॥ ੪ ॥

ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ
ਸੰਤ ਟਹਲ ਕੀ ਬੇਲਾ ॥
ਈਹਾ ਖਾਟਿ ਚਲਹੁ ਹਰਿ ਲਾਹਾ
ਆਗੈ ਬਸਨੁ ਸੁਹੇਲਾ ॥ ੧ ॥
ਅਉਧ ਘਟੈ ਦਿਨਸੁ ਰੈਣਾਰੇ ॥
ਮਨ ਗੁਰ ਮਿਲਿ ਕਾਜ
ਸਵਾਰੇ ॥ ੧ ॥ ਰਹਾਉ ॥
ਇਹੁ ਸੰਸਾਰੁ ਬਿਕਾਰੁ ਸੰਸੇ ਮਹਿ
ਤਰਿਓ ਬ੍ਰਹਮ ਗਿਆਨੀ ॥



ਜਿਸਹਿ ਜਗਾਇ ਪੀਆਵੈ ਇਹੁ ਰਸੁ
ਅਕਥ ਕਥਾ ਤਿਨਿ ਜਾਨੀ ॥ ੨ ॥
ਜਾ ਕਉ ਆਏ ਸੋਈ ਬਿਹਾਝਹੁ
ਹਰਿ ਗੁਰ ਤੇ ਮਨਹਿ ਬਸੇਰਾ ॥
ਨਿਜ ਘਰਿ ਮਹਲੁ
ਪਾਵਹੁ ਸੁਖ ਸਹਜੇ
ਬਹੁਰਿ ਨ ਹੋਇਗੋ ਫੇਰਾ ॥ ੩ ॥
ਅੰਤਰਜਾਮੀ ਪੁਰਖ ਬਿਧਾਤੇ
ਸਰਧਾ ਮਨ ਕੀ ਪੂਰੇ ॥
ਨਾਨਕ ਦਾਸੁ ਇਹੈ ਸੁਖੁ ਮਾਗੈ
ਮੋ ਕਉ ਕਰਿ ਸੰਤਨ
ਕੀ ਧੂਰੇ ॥ ੪ ॥ ੫ ॥

(ਸਹਸਕ੍ਰਿਤੀ ਮਹਲਾ ੫ ॥ ੧੩੫੯)

ਸਿਰ ਮਸ੍ਤਕ ਰਖ੍ਯ੍ਯਾ ਪਾਰਬ੍ਰਹਮੰ
ਹਸ੍ਤ ਕਾਯਾ ਰਖ੍ਯ੍ਯਾ ਪਰਮੇਸ੍ਵਰਹ ॥
ਆਤਮ ਰਖ੍ਯ੍ਯਾ ਗੋਪਾਲ ਸੁਆਮੀ
ਧਨ ਚਰਣ ਰਖ੍ਯ੍ਯਾ ਜਗਦੀਸ੍ਵਰਹ ॥
ਸਰਬ ਰਖ੍ਯ੍ਯਾ ਗੁਰ ਦਯਾਲਹ
ਭੈ ਦੂਖ ਬਿਨਾਸਨਹ ॥
ਭਗਤਿ ਵਛਲ ਅਨਾਥ ਨਾਥੇ
ਸਰਣਿ ਨਾਨਕ ਪੁਰਖ
ਅਚੁਤਹ ॥ ੫੨ ॥

ਸਲੋਕੁ ॥ (੮)

ਪਵਣੁ ਗੁਰੂ ਪਾਣੀ ਪਿਤਾ



ਮਾਤਾ ਧਰਤਿ ਮਹਤੁ ॥
ਦਿਵਸੁ ਰਾਤਿ ਦੁਇ ਦਾਈ ਦਾਇਆ
ਖੇਲੈ ਸਗਲ ਜਗਤੁ ॥
ਚੰਗਿਆਈਆ ਬੁਰਿਆਈਆ
ਵਾਚੈ ਧਰਮੁ ਹਦੂਰਿ ॥
ਕਰਮੀ ਆਪੋ ਆਪਣੀ
ਕੇ ਨੇੜੈ ਕੇ ਦੂਰਿ ॥
ਜਿਨੀ ਨਾਮੁ ਧਿਆਇਆ
ਗਏ ਮਸਕਤਿ ਘਾਲਿ ॥
ਨਾਨਕ ਤੇ ਮੁਖ ਉਜਲੇ
ਕੇਤੀ ਛੁਟੀ ਨਾਲਿ ॥ ੧ ॥

downloaded from: Quizol PDF